# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**01:40**

**ਮਿਤੀ : 10-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਦਿੱਲੀ ਪੁਲਿਸ ਨਾਲ ਤਾਲਮੇਲ ਕਰਨ ਅਤੇ CJP ਪ੍ਰਦਰਸ਼ਨਕਾਰੀਆਂ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਵਿਰੋਧ ਪ੍ਰਦਰਸ਼ਨਾਂ ਲਈ ਪਹੁੰਚਣ ਤੋਂ ਰੋਕਣ ਬਾਰੇ ਅਹਤਿਆਤੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ।
- -ਦਿੱਲੀ ਦੇ ਜੰਤਰ-ਮੰਤਰ ਵਿਖੇ ਅੱਜ CJP ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਰਾਸ਼ਟਰੀ ਰਾਜਧਾਨੀ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਰਾਜਸਥਾਨ ਦੇ ਜੋਧਪੁਰ ਏਅਰ ਫੋਰਸ ਸਟੇਸ਼ਨ ਵਿਖੇ ਬਹੁ-ਰਾਸ਼ਟਰੀ ਹਵਾਈ ਅਭਿਆਸ ਤਰੰਗ ਸ਼ਕਤੀ ਦੇ ਮੁੱਖ ਸਮਾਗਮਾਂ ਵਿੱਚ ਹਿੱਸਾ ਲਿਆ।
- ਅਮਰੀਕਾ ਦੇ ਸਸੰਦ ਮੈਂਬਰ ਰਾਜਾ ਕ੍ਰਿਸ਼ਨਾ-ਮੂਰਤੀ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਮਛਾਰ ਨੂੰ ਉਨ੍ਹਾਂ ਦੀ ਬੇਮਿਸਾਲ ਬਹਾਦਰੀ ਲਈ ਸਨਮਾਨਿਤ ਕੀਤਾ ।

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰਰਾਸ਼ਟਰੀ ਮੈਚ ਕੱਲ੍ਹ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ ਖੇਡਿਆ ਜਾਵੇਗਾ ।

*ਹੁਣ ਖਬਰਾਂ ਵਿਸਥਾਰ ਨਾਲ*

-----------------------------------------------------------

ਗ੍ਰਿਹ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਪੱਤਰ ਲਿਖ ਕੇ ਦਿੱਲੀ ਪੁਲਿਸ ਨਾਲ ਤਾਲਮੇਲ ਕਰਨ ਅਤੇ ਕੋਕਰੋਚ ਜਨਤਾ ਪਾਰਟੀ-CJP ਪ੍ਰਦਰਸ਼ਨਕਾਰੀਆਂ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਵਿਰੋਧ ਪ੍ਰਦਰਸ਼ਨਾਂ ਲਈ ਪਹੁੰਚਣ ਤੋਂ ਰੋਕਣ ਲਈ ਅਹਤਿਆਤੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਨੇ । ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ, ਵੋਟਰ ਸੂਚੀਆਂ ਦੇ 'ਵਿਸ਼ੇਸ਼ ਤੀਬਰ ਸੋਧ' ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਲਈ ਕੀਤੇ ਜਾ ਰਹੇ ਨੇ । ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਪੁਲਿਸ ਡਾਇਰੈਕਟਰ ਜਨਰਲ ਨੂੰ ਲਿਖੇ ਇੱਕ ਪੱਤਰ ਵਿੱਚ, ਮੰਤਰਾਲੇ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ CJP ਸਮਰਥਕਾਂ ਵਲੋਂ ਬਿਨਾਂ ਇਜਾਜ਼ਤ ਦਿੱਲੀ ਵਿੱਚ ਦਾਖਲ ਹੋਣ ਦੀਆਂ ਕਥਿਤ ਕੋਸ਼ਿਸ਼ਾਂ ਦੇ ਮੱਦੇਨਜ਼ਰ, ਤੁਰੰਤ ਸਾਵਧਾਨੀ ਕਾਰਵਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮੰਤਰਾਲੇ ਨੇ ਕਿਹਾ ਕਿ ਇਹ ਸ਼ਾਂਤੀ ਅਤੇ ਵਿਵਸਥਾ ਲਈ ਖ਼ਤਰਾ ਪੈਦਾ ਕਰ ਸਕਦਾ ਏ । ਮੰਤਰਾਲੇ ਨੇ ਕਿਸੇ ਵੀ ਅਣ-ਅਧਿਕਾਰਤ ਇਕੱਠ ਨੂੰ ਰੋਕਣ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਖੁਫੀਆ

ਏਜੰਸੀਆਂ, ਸਰਹੱਦੀ ਅਤੇ ਆਵਾਜਾਈ ਅਧਿਕਾਰੀਆਂ ਅਤੇ ਦਿੱਲੀ ਪੁਲਿਸ ਵਿਚਕਾਰ ਨਿਰੰਤਰ ਅਤੇ ਨਜ਼ਦੀਕੀ ਖੁਫੀਆ ਸਾਂਝਾਕਰਨ ਦੀ ਵੀ ਮੰਗ ਕੀਤੀ ਏ । ਪੱਤਰ ਵਿੱਚ, ਕੇਂਦਰੀ ਗ੍ਰਹਿ ਸਕੱਤਰ ਨੇ ਸੀ.ਜੇ.ਪੀ ਵਲੋਂ ਤਜਵੀਜ਼ਸ਼ੁਦਾ ਲਾਮਬੰਦੀ ਕਾਰਵਾਈ ਨੂੰ ਕਾਨੂੰਨ ਵਿਵਸਥਾ ਅਤੇ ਜਨਤਕ ਵਿਵਸਥਾ ਦੇ ਦ੍ਰਿਸ਼ਟੀਕੋਣ ਤੋਂ ਇੱਕ ਗੰਭੀਰ ਮਾਮਲਾ ਦੱਸਿਆ। ਪੱਤਰ ਵਿੱਚ ਕਿਹਾ ਗਿਆ ਏ ਕਿ ਵਿਰੋਧ ਪ੍ਰਦਰਸ਼ਨ ਲਈ ਸੀ.ਜੇ.ਪੀ ਦੀ ਅਪੀਲ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਗਿਆ ਸੀ, ਅਤੇ ਅਧਿਕਾਰੀਆਂ ਨੇ ਤਜਵੀਜ਼ਸ਼ੁਦਾ ਇਕੱਠ 'ਤੇ ਪਾਬੰਦੀ ਲਗਾ ਦਿੱਤੀ ਸੀ। ਗ੍ਰਹਿ ਸਕੱਤਰ ਨੇ 2018 ਦੇ ਸੁਪਰੀਮ ਕੋਰਟ ਦੇ ਹੁਕਮ ਦਾ ਵੀ ਹਵਾਲਾ ਦਿੱਤਾ ਅਤੇ ਜ਼ੋਰ ਦਿੱਤਾ ਕਿ ਨਿਰਧਾਰਤ ਖੇਤਰਾਂ ਵਿੱਚ ਇਕੱਠਾਂ ਨੂੰ ਨਿਯੰਤਰਿਤ ਕਰਨ ਵਾਲੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਣੀ ਚਾਹੀਦੀ ਏ । ਮੰਤਰਾਲੇ ਨੇ ਕਿਹਾ ਕਿ ਜਨਤਕ ਵਿਵਸਥਾ ਬਣਾਈ ਰੱਖਣਾ ਅਤੇ ਕਾਨੂੰਨ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਅਧਿਕਾਰੀਆਂ ਦੀਆਂ ਮਹੱਤਵਪੂਰਨ ਜ਼ਿੰਮੇਵਾਰੀਆਂ ਨੇ । ਪੱਤਰ ਵਿੱਚ ਕਿਹਾ ਗਿਆ ਏ ਕਿ ਮੰਤਰਾਲਾ ਕਾਨੂੰਨ ਵਿਵਸਥਾ ਅਤੇ ਜਨਤਕ ਵਿਵਸਥਾ ਦੀ ਸੰਭਾਲ ਨੂੰ ਇੱਕ ਜ਼ਰੂਰੀ ਸੰਵਿਧਾਨਕ ਜ਼ਿੰਮੇਵਾਰੀ ਮੰਨਦਾ ਏ । ਕਾਨੂੰਨ ਦੇ ਸ਼ਾਸਨ ਨੂੰ ਬਰਕਰਾਰ ਰੱਖਣ ਲਈ ਇਨ੍ਹਾਂ ਨੂੰ ਸਖ਼ਤੀ ਅਤੇ ਬਿਨਾਂ ਕਿਸੇ ਸਮਝੌਤੇ ਦੇ ਲਾਗੂ ਕੀਤਾ ਜਾਣਾ ਚਾਹੀਦਾ ਏ ।

------------------------------------------------------------------

ਦਿੱਲੀ ਦੇ ਜੰਤਰ-ਮੰਤਰ ਵਿਖੇ ਅੱਜ 'Cockroach Janta Party' (CJP) ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਰਾਸ਼ਟਰੀ ਰਾਜਧਾਨੀ

ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ। ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੇ ਐਲਾਨ ਕੀਤਾ ਏ ਕਿ ਸੁਰੱਖਿਆ ਕਾਰਨਾਂ ਕਰਕੇ ਅੱਜ 45 ਮੈਟਰੋ ਸਟੇਸ਼ਨਾਂ 'ਤੇ ਦਾਖਲੇ ਅਤੇ ਬਾਹਰ ਨਿਕਲਣ ਦੀ ਸਹੂਲਤ ਬੰਦ ਰਹੇਗੀ। ਸੁਰੱਖਿਆ ਏਜੰਸੀਆਂ ਹਾਲਤ ਦਾ ਜਾਇਜ਼ਾ ਲੈਣਗੀਆਂ ਅਤੇ ਉਸ ਮੁਤਾਬਿਕ ਅਗਲੀ ਜਾਣਕਾਰੀ ਦਿੱਤੀ ਜਾਵੇਗੀ। ਦਿੱਲੀ ਵਿੱਚ ਸਰਾਏ ਕਾਲੇ ਖਾਨ ਅਤੇ ਨਿਊ ਅਸ਼ੋਕ ਨਗਰ ਵਿਚਕਾਰ 'ਨਮੋ ਭਾਰਤ' ਰੇਲ ਸੇਵਾਵਾਂ ਅੱਜ ਰਾਤ 10 ਵਜੇ ਤੱਕ ਮੁਲਤਵੀ ਰਹਿਣਗੀਆਂ । ਰੇਲਵੇ ਸਟੇਸ਼ਨਾਂ 'ਤੇ ਵੀ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ। ਰੇਲਵੇ ਦੇ DCP ਬੀ. ਭਰਤ ਰੈੱਡੀ ਨੇ ਦੱਸਿਆ ਕਿ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ, ਦਿੱਲੀ ਦੇ 7 ਪ੍ਰਮੁੱਖ ਰੇਲਵੇ ਸਟੇਸ਼ਨਾਂ 'ਤੇ ਰੇਲਵੇ ਪੁਲਿਸ ਦੇ 334 ਜਵਾਨ ਤਾਇਨਾਤ ਕੀਤੇ ਗਏ ਨੇ।

BYTE:RNU101026

ਇਸ ਤੋਂ ਇਲਾਵਾ, ਦਿੱਲੀ ਟ੍ਰੈਫਿਕ ਪੁਲਿਸ ਨੇ ਅੱਜ ਰਾਜਧਾਨੀ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋੜ ਅਨੁਸਾਰ ਟ੍ਰੈਫਿਕ ਰੂਟਾਂ ਵਿੱਚ ਬਦਲਾਅ ਦੀ ਸੰਭਾਵਨਾ ਬਾਰੇ ਇੱਕ ਸਲਾਹ ਜਾਰੀ ਕੀਤੀ ਏ। ਇਸ ਤੋਂ ਪਹਿਲਾਂ ਕੱਲ੍ਹ ਦਿੱਲੀ ਪੁਲਿਸ ਨੇ, CJP ਵੱਲੋਂ ਤਜਵੀਜ਼ਸ਼ੁਦਾ ਵਿਰੋਧ ਪ੍ਰਦਰਸ਼ਨ ਲਈ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ । ਪੁਲਿਸ ਨੇ ਇਸ ਦੇ ਕਾਰਨ ਵਜੋਂ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਅਤੇ ਜਨਤਕ ਸੁਰੱਖਿਆ ਸਬੰਧੀ ਚਿੰਤਾਵਾਂ ਦਾ ਹਵਾਲਾ ਦਿੱਤਾ ਏ। ਕੱਲ੍ਹ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਦਿੱਲੀ ਪੁਲਿਸ ਦੀ ਸੰਯੁਕਤ ਕਮਿਸ਼ਨਰ, ਨੂਪੁਰ ਪ੍ਰਸਾਦ ਨੇ ਕਿਹਾ ਕਿ ਜੰਤਰ-

ਮੰਤਰ ਵਿਖੇ ਰੋਸ ਪ੍ਰਦਰਸ਼ਨ ਜਾਂ ਹੋਰ ਸਮਾਗਮ ਕਰਨ ਦੀ ਇਜਾਜ਼ਤ ਲਈ, ਘੱਟੋ-ਘੱਟ 10 ਦਿਨ ਪਹਿਲਾਂ ਅਰਜ਼ੀ ਦੇਣੀ ਲਾਜ਼ਮੀ ਏ।
BYTE: NUPUR PRASAD

---------------------------------------------------------------------

ਦਿੱਲੀ ਵਿੱਚ ਵਿਰੋਧ ਪ੍ਰਦਰਸ਼ਨਾਂ ਕਾਰਨ ਵਧੇ ਹੋਏ ਸੁਰੱਖਿਆ ਪ੍ਰਬੰਧਾਂ ਅਤੇ ਆਵਾਜਾਈ ਪਾਬੰਦੀਆਂ ਦੇ ਮੱਦੇਨਜ਼ਰ, ਦਿੱਲੀ ਹਵਾਈ ਅੱਡਾ ਪ੍ਰਸ਼ਾਸਨ ਨੇ ਅੱਜ ਦਿੱਲੀ ਆਉਣ-ਜਾਣ ਵਾਲੇ ਮੁਸਾਫ਼ਰਾਂ ਲਈ ਇੱਕ ਸਲਾਹ ਜਾਰੀ ਕੀਤੀ ਏ ਜਿਸ ਵਿੱਚ ਉਨ੍ਹਾਂ ਨੂੰ ਆਪਣੀ ਯਾਤਰਾ ਦੀ ਪਹਿਲਾਂ ਤੋਂ ਯੋਜਨਾ ਬਣਾਉਣ ਦੀ ਅਪੀਲ ਕੀਤੀ ਗਈ ਹੈ। ਇਹ ਸਲਾਹ ਰਾਸ਼ਟਰੀ ਰਾਜਧਾਨੀ ਵਿੱਚ ਸੀਜੇਪੀ ਦੇ ਬਿਨਾ ਇਜਾਜ਼ਤ ਵਾਲੇ ਵਿਰੋਧ ਪ੍ਰਦਰਸ਼ਨ ਤੋਂ ਪਹਿਲਾਂ ਆਈ ਏ । ਦਿੱਲੀ ਵਿੱਚ ਵਧੇ ਹੋਏ ਸੁਰੱਖਿਆ ਪ੍ਰਬੰਧਾਂ ਅਤੇ ਸੰਭਾਵਿਤ ਆਵਾਜਾਈ ਪਾਬੰਦੀਆਂ ਦੇ ਮੱਦੇਨਜ਼ਰ, ਦਿੱਲੀ ਹਵਾਈ ਅੱਡੇ ਤੋਂ ਜਾਣ ਵਾਲੇ ਯਾਤਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੀ ਯਾਤਰਾ ਦੀ ਪਹਿਲਾਂ ਤੋਂ ਯੋਜਨਾ ਬਣਾਉਣ ਅਤੇ ਆਉਣ ਜਾਣ ਲਈ ਵਾਧੂ ਸਮਾਂ ਲੈ ਕੇ ਚਲਣ । ਇੱਕ ਬਿਆਨ ਵਿੱਚ ਕਿਹਾ ਗਿਆ ਏ ਕਿ ਉਨ੍ਹਾਂ ਨੂੰ ਕੈਬ, ਸਿਟੀ ਬੱਸਾਂ ਅਤੇ ਹਵਾਈ ਅੱਡੇ ਤੋਂ ਆਉਣ-ਜਾਣ ਲਈ ਹੋਰ ਉਪਲਬਧ ਵਿਕਲਪਾਂ 'ਤੇ ਵਿਚਾਰ ਕਰਨ ਦੀ ਵੀ ਸਲਾਹ ਦਿੱਤੀ ਜਾਂਦੀ ਏ ।

---------------------------------------------------------------------

ਭਾਰਤੀ ਰੇਲਵੇ ਨੇ ਅੱਜ ਸਵੇਰੇ 4 ਵਜੇ ਤੋਂ ਦੁਪਹਿਰ 2 ਵਜੇ ਦੇ ਵਿਚਕਾਰ ਨਵੀਂ ਦਿੱਲੀ, ਤਿਲਕ ਬ੍ਰਿਜ ਅਤੇ ਹਜ਼ਰਤ ਨਿਜ਼ਾਮੂਦੀਨ ਰੇਲਵੇ ਸਟੇਸ਼ਨਾਂ

'ਤੇ ਪਹੁੰਚਣ ਵਾਲੀਆਂ ਕਈ ਰੇਲਗੱਡੀਆਂ ਨੂੰ ਰੱਦ ਕਰ ਦਿੱਤਾ ਏ। ਰੇਲਵੇ ਦੇ ਅਨੁਸਾਰ, ਕੱਲ੍ਹ ਦੁਪਹਿਰ 2 ਵਜੇ ਤੋਂ ਬਾਅਦ ਆਪਣੇ ਸ਼ੁਰੂਆਤੀ ਸਟੇਸ਼ਨਾਂ ਤੋਂ ਰਵਾਨਾ ਹੋਣ ਵਾਲੀਆਂ ਅਤੇ ਅੱਜ ਸਵੇਰੇ 4 ਵਜੇ ਤੋਂ ਦੁਪਹਿਰ 2 ਵਜੇ ਦੇ ਵਿਚਕਾਰ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੂਦੀਨ ਸਟੇਸ਼ਨਾਂ 'ਤੇ ਪਹੁੰਚਣ ਵਾਲੀਆਂ ਸਾਰੀਆਂ ਮੇਲ ਅਤੇ ਐਕਸਪ੍ਰੈਸ ਰੇਲਗੱਡੀਆਂ ਨੂੰ ਸਰੋਤ 'ਤੇ ਰੱਦ ਕਰ ਦਿੱਤਾ ਗਿਆ ਏ। ਇਸ ਵਿੱਚ ਕਿਹਾ ਗਿਆ ਏ ਕਿ ਇਹ ਫੈਸਲਾ, ਰੇਲਵੇ ਸਟੇਸ਼ਨਾਂ ਦੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਸੰਭਾਵਿਤ ਭਾਰੀ ਸੜਕ ਆਵਾਜਾਈ ਦੇ ਮੱਦੇਨਜ਼ਰ ਲਿਆ ਗਿਆ ਏ।

---------------------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ ਏ ਕਿ ਲੋਕ ਸਭਾ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਸਹਿਯੋਗੀ ਸੀਜੇਪੀ, ਦੇਸ਼ ਵਿੱਚ ਇੱਕ ਖ਼ਤਰਨਾਕ ਅਤੇ ਗੰਭੀਰ ਸਥਿਤੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸ਼੍ਰੀ ਨਵੀਨ ਨੇ ਕਿਹਾ ਕਿ ਵਿਰੋਧੀ ਧਿਰ ਰਾਜਨੀਤਿਕ ਉਦੇਸ਼ਾਂ ਦੇ ਨਾਲ-ਨਾਲ ਵਿਦੇਸ਼ੀ ਤਾਕਤਾਂ ਦੇ ਇਸ਼ਾਰੇ 'ਤੇ ਵੀ ਕੰਮ ਕਰ ਰਹੀ ਹੈ। ਦਿੱਲੀ ਵਿੱਚ ਸੀਜੇਪੀ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦਿਆਂ, ਨਿਤਿਨ ਨਵੀਨ ਨੇ ਕਿਹਾ ਕਿ ਮੌਜੂਦਾ ਸਥਿਤੀ ਦੇਸ਼ ਦੀ ਸ਼ਾਂਤੀ ਅਤੇ ਵਿਕਾਸ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਏ।

BYTE:RNU101026 NITIN

ਸ਼੍ਰੀ ਨਵੀਨ ਨੇ ਕਿਹਾ ਕਿ ਭਾਰਤ ਦੇ ਨੌਜਵਾਨ ਭਾਰਤੀ ਸੱਭਿਆਚਾਰ ਅਤੇ ਲੋਕਤੰਤਰ ਨਾਲ ਜੁੜੇ ਹੋਏ ਹਨ, ਅਤੇ ਭਾਰਤੀ ਸੰਵਿਧਾਨ ਪ੍ਰਤੀ ਵਚਨਬੱਧਤਾ ਰੱਖਦੇ ਨੇ ਅਤੇ ਇਸ ਤਰਾਂ ਦੀ ਭਾਸ਼ਾ ਨੂੰ ਭਾਰਤ ਦੇ ਲੋਕ ਕਦੇ ਵੀ ਸਵੀਕਾਰ ਨਹੀਂ ਕਰਨਗੇ।

--------------------------------------------------------------------

ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦੇ ਹੋਏ ਇੰਡੀਆ ਗੱਠਜੋੜ 'ਤੇ ਨਿਸ਼ਾਨਾ ਸਾਧਿਆ। ਬਿਨਾਂ ਕਿਸੇ ਦਾ ਨਾਮ ਲਏ, ਉਨ੍ਹਾਂ "ਕਾਕਰੋਚ ਜਨਤਾ ਪਾਰਟੀ" 'ਤੇ ਵੀ ਟਿਪਣੀ ਕੀਤੀ । ਸ਼੍ਰੀ ਚੌਹਾਨ ਨੇ ਕਿਹਾ ਕਿ ਜਿੱਥੇ ਜਨਤਾ ਇੱਕ ਵਿਕਸਤ ਭਾਰਤ ਬਣਾਉਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਨਾਲ ਖੜ੍ਹੀ ਏ ਉੱਥੇ ਵਿਰੋਧੀ ਧਿਰ ਨਿਰਾਸ਼ ਨੇ। ਉਨ੍ਹਾਂ ਇਲਜ਼ਾਮ ਲਗਾਇਆ ਕਿ ਵਿਰੋਧੀ ਧਿਰ ਮੈਦਾਨ ਅਤੇ ਜਨਤਕ ਵਿਸ਼ਵਾਸ ਜਿੱਤਣ ਵਿੱਚ ਅਸਫਲ ਰਹੀ ਹੈ, ਅਤੇ ਇਸ ਲਈ ਸੜਕਾਂ 'ਤੇ ਅਰਾਜਕਤਾ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਏ ।

BYTE:RNU101026

ਜ਼ਿਮਨੀ -ਚੋਣਾਂ ਦੇ ਨਤੀਜਿਆਂ ਦਾ ਹਵਾਲਾ ਦਿੰਦੇ ਹੋਏ, ਸ਼ਿਵਰਾਜ ਨੇ ਕਿਹਾ ਕਿ BJP ਅਤੇ ਐਨਡੀਏ ਨੇ ਬੰਗਾਲ, ਅਸਾਮ ਅਤੇ ਪੁਡੂਚੇਰੀ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਏ । ਇਸ ਤੋਂ ਪਹਿਲਾਂ, ਜਨਤਾ ਨੇ ਰਾਜਸਥਾਨ ਅਤੇ ਤ੍ਰਿਪੁਰਾ ਵਿੱਚ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਵਿੱਚ ਵੀ BJP ਦਾ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ

ਜਿੱਤ ਨਹੀਂ ਏ , ਸਗੋਂ ਜਨਤਾ ਦੇ ਪ੍ਰਧਾਨ ਮੰਤਰੀ ਅਤੇ ਵਿਕਾਸ ਵਿੱਚ ਵਿਸ਼ਵਾਸ ਦੀ ਜਿੱਤ ਏ ।

---

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਰਾਜਸਥਾਨ ਦੇ ਜੋਧਪੁਰ ਏਅਰ ਫੋਰਸ ਸਟੇਸ਼ਨ ਵਿਖੇ ਬਹੁ-ਰਾਸ਼ਟਰੀ ਹਵਾਈ ਅਭਿਆਸ ਤਰੰਗ ਸ਼ਕਤੀ ਦੇ ਮੁੱਖ ਸਮਾਗਮਾਂ ਵਿੱਚ ਹਿੱਸਾ ਲਿਆ। ਅਭਿਆਸ ਦੌਰਾਨ, ਰਾਜਨਾਥ ਸਿੰਘ ਨੇ ਭਾਰਤੀ ਹਵਾਈ ਸੈਨਾ ਅਤੇ ਭਾਗ ਲੈਣ ਵਾਲੇ ਵਿਦੇਸ਼ੀ ਹਵਾਈ ਸੈਨਾ ਦੇ ਕਰਮਚਾਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਆਧੁਨਿਕ ਲੜਾਕੂ ਜਹਾਜ਼ਾਂ ਦਾ ਹਵਾਈ ਪ੍ਰਦਰਸ਼ਨ ਦੇਖਿਆ ਅਤੇ ਦੇਸੀ ਅਤੇ ਵਿਦੇਸ਼ੀ ਲੜਾਕੂ ਜਹਾਜ਼ਾਂ ਦੇ ਪ੍ਰਦਰਸ਼ਨ ਦਾ ਨਿਰੀਖਣ ਕੀਤਾ। ਇਸ ਬਹੁ-ਰਾਸ਼ਟਰੀ ਅਭਿਆਸ ਵਿੱਚ, ਵੱਖ-ਵੱਖ ਦੇਸ਼ਾਂ ਦੀਆਂ ਹਵਾਈ ਸੈਨਾਵਾਂ ਆਪਣੀਆਂ ਸੰਚਾਲਨ ਸਮਰੱਥਾਵਾਂ, ਉੱਨਤ ਹਵਾਬਾਜ਼ੀ ਤਕਨਾਲੋਜੀ ਅਤੇ ਫੌਜੀ ਤਾਲਮੇਲ ਦਾ ਪ੍ਰਦਰਸ਼ਨ ਕਰ ਰਹੀਆਂ ਹਨ।

---

ਅਮਰੀਕਾ ਦੇ ਸਸੰਦ ਮੈਂਬਰ ਰਾਜਾ ਕ੍ਰਿਸ਼ਨਾ-ਮੂਰਤੀ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਮਛਾਰ ਨੂੰ ਬੇਮਿਸਾਲ ਬਹਾਦਰੀ ਦਿਖਾਉਣ ਲਈ ਸਨਮਾਨਿਤ ਕੀਤਾ ਏ । ਕੈਪਟਨ ਨੇ 30 ਸਤੰਬਰ ਨੂੰ ਫਲਾਈ-ਦੁਬਈ ਫਲਾਈਟ FZ-1073 'ਤੇ ਕਥਿਤ ਤੌਰ 'ਤੇ ਹਾਈਜੈਕਿੰਗ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਸ਼੍ਰੀ ਕ੍ਰਿਸ਼ਨਾਮੂਰਤੀ ਨੇ ਕਿਹਾ ਕਿ ਕੈਪਟਨ ਸਮਿਤ ਦੀ ਹਿੰਮਤ ਅਤੇ ਸੂਝਬੂਝ ਨੇ ਦੁਬਈ ਤੋਂ ਤੇਲ ਅਵੀਵ

ਜਾ ਰਹੀ ਉਡਾਨ ਵਿੱਚ ਸਵਾਰ ਯਾਤਰੀਆਂ ਅਤੇ ਚਾਲਕ ਦਲ ਦੀਆਂ ਜਾਨਾਂ ਬਚਾਉਣ ਵਿੱਚ ਮਦਦ ਕੀਤੀ। ਕੈਪਟਨ ਸਮਿਤ ਦਾ ਅਬੂ ਧਾਬੀ ਦੇ ਇੱਕ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਉਹ ਤੇਜ਼ੀ ਨਾਲ ਠੀਕ ਹੋ ਰਹੇ ਹਨ। ਇਸ ਦੌਰਾਨ, ਇਜ਼ਰਾਈਲ ਦੇ ਰਾਸ਼ਟਰਪਤੀ ਇਸਹਾਕ ਹਰ-ਜ਼ੋਗ ਨੇ ਐਲਾਨ ਕੀਤਾ ਕਿ ਕੈਪਟਨ ਸਮਿਤ ਨੂੰ ਉਨ੍ਹਾਂ ਦੇ ਕੰਮ ਦੇ ਸਨਮਾਨ ਵਿੱਚ ਇਜ਼ਰਾਈਲ ਦਾ ਨਾਗਰਿਕ ਬਹਾਦਰੀ ਰਾਸ਼ਟਰਪਤੀ ਪੁਰਸਕਾਰ ਦਿੱਤਾ ਜਾਵੇਗਾ ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਲਿਆ ਦੇ ਸ਼ੁਭ ਮੌਕੇ 'ਤੇ ਦੇਸ਼ਵਾਸੀਆਂ ਨੂੰ ਵਧਾਈ ਦਿੱਤੀ ਏ । ਸੋਸ਼ਲ ਮੀਡੀਆ 'ਤੇ ਜਾਰੀ ਇੱਕ ਸੰਦੇਸ਼ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਾਮਨਾ ਕੀਤੀ ਕਿ ਦੇਵੀ ਦੁਰਗਾ ਦੇ ਆਸ਼ੀਰਵਾਦ ਸਮਾਜ ਵਿੱਚ ਖੁਸ਼ੀ, ਦਇਆ ਅਤੇ ਨਵੀਂ ਉਮੀਦ ਲੈ ਕੇ ਆਉਣ। ਉਨ੍ਹਾਂ ਨੇ ਚਾਰੇ ਪਾਸੇ ਸ਼ਾਂਤੀ ਅਤੇ ਖੁਸ਼ਹਾਲੀ ਲਈ ਵੀ ਪ੍ਰਾਰਥਨਾ ਕੀਤੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਇਸ ਮੌਕੇ 'ਤੇ ਰਾਸ਼ਟਰ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮਹਾਲਿਆ ਪਿਤ੍ਰ ਪੱਖ ਦੇ ਅੰਤ ਅਤੇ ਦੇਵੀ ਪੱਖ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ, ਜੋ ਕਿ ਦੇਵੀ ਦੁਰਗਾ ਦੇ ਆਗਮਨ ਨੂੰ ਲੈ ਕੇ ਆਉਂਦਾ ਹੈ। ਉਨ੍ਹਾਂ ਕਾਮਨਾ ਕੀਤੀ ਕਿ ਦੇਵੀ ਦੁਰਗਾ ਦੇ ਆਸ਼ੀਰਵਾਦ ਸਾਰਿਆਂ ਦੇ ਜੀਵਨ ਵਿੱਚ ਅਥਾਹ ਆਨੰਦ ਅਤੇ ਖੁਸ਼ਹਾਲੀ ਲਿਆਵੇ।

---------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਮਾਨਸਿਕ ਸਿਹਤ ਦਿਵਸ ਦੇ ਮੌਕੇ 'ਤੇ ਪਹੁੰਚਯੋਗ, ਕਿਫਾਇਤੀ ਅਤੇ ਲੋਕ-ਕੇਂਦ੍ਰਿਤ ਮਾਨਸਿਕ ਸਿਹਤ ਸੇਵਾਵਾਂ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ 36 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 53 ਟੈਲੀ-ਮਾਨਸ ਸੈੱਲਾਂ ਦੇ ਕੰਮ ਕਰਨ ਅਤੇ 48 ਲਖ ਤੋਂ ਵੱਧ ਕਾਲਾਂ ਪ੍ਰਾਪਤ ਕਰਨ ਦੇ ਨਾਲ, ਮਾਨਸਿਕ ਸਿਹਤ ਸਹਾਇਤਾ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਰਹੀ ਹੈ। ਸ੍ਰੀ ਨੱਡਾ ਨੇ ਕਿਹਾ ਕਿ 'ਮਾਂਨ ਜਾਗ੍ਰਿਤੀ' ਭਾਈਚਾਰਕ ਜਾਗਰੂਕਤਾ ਫੈਲਾ ਰਹੀ ਹੈ, ਜਲਦੀ ਮਦਦ ਮੰਗਣ ਨੂੰ ਉਤਸ਼ਾਹਿਤ ਕਰ ਰਹੀ ਹੈ, ਅਤੇ ਮਾਨਸਿਕ ਸਿਹਤ ਨਾਲ ਸਬੰਧਤ ਮੁੱਦਿਆਂ ਦੇ ਨਿਦਾਨ ਵੱਲ ਕੰਮ ਕਰ ਰਹੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਇੱਕ ਹੋਰ ਹਮਦਰਦ ਅਤੇ ਸਹਾਇਕ ਸਮਾਜ ਬਣਾਉਣ ਦਾ ਸੱਦਾ ਦਿੱਤਾ, ਜਿੱਥੇ ਹਰ ਕੋਈ ਬਿਨਾਂ ਕਿਸੇ ਡਰ ਜਾਂ ਭੇਦਭਾਵ ਦੇ ਸਨਮਾਨ ਨਾਲ ਮਦਦ ਪ੍ਰਾਪਤ ਕਰ ਸਕੇ। ਉਨ੍ਹਾਂ ਕਿਹਾ ਕਿ ਮਾਨਸਿਕ ਸਿਹਤ ਮਹੱਤਵਪੂਰਨ ਹੈ ਅਤੇ ਹਰ ਆਵਾਜ਼ ਸੁਣੀ ਜਾਣੀ ਚਾਹੀਦੀ ਏ ।

---------------------------------------------------------------

ਭਾਰਤ ਅਤੇ ਵੈਸਟ ਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰਰਾਸ਼ਟਰੀ ਮੈਚ ਕੱਲ੍ਹ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਪੰਜ ਮੈਚਾਂ ਦੀ ਲੜੀ ਇਸ ਸਮੇਂ 1-1 ਨਾਲ ਬਰਾਬਰ ਏ । ਵੈਸਟ ਇੰਡੀਜ਼

ਨੇ ਕੱਲ੍ਹ ਸ਼ਾਮ ਰਾਂਚੀ ਵਿੱਚ ਖੇਡੇ ਗਏ ਦੂਜੇ ਟੀ-20 ਮੈਚ ਵਿੱਚ ਭਾਰਤ ਨੂੰ ਛੇ ਵਿਕਟਾਂ ਨਾਲ ਹਰਾਇਆ। ਦੋਵਾਂ ਟੀਮਾਂ ਨੇ ਕੁੱਲ 501 ਦੌੜਾਂ ਬਣਾਈਆਂ। ਵੈਸਟ ਇੰਡੀਜ਼ ਨੇ ਭਾਰਤ ਵੱਲੋਂ ਦਿੱਤੇ ਗਏ 250 ਦੌੜਾਂ ਦੇ ਵੱਡੇ ਟੀਚੇ ਨੂੰ ਇੱਕ ਓਵਰ ਤੋਂ ਵੱਧ ਸਮਾਂ ਰਹਿੰਦਿਆਂ ਪ੍ਰਾਪਤ ਕਰ ਲਿਆ। ਵੈਸਟ ਇੰਡੀਜ਼ ਦੇ ਕਪਤਾਨ ਸ਼ਾਈ ਹੋਪ ਨੇ ਸਿਰਫ਼ 45 ਗੇਂਦਾਂ ਵਿੱਚ 102 ਦੌੜਾਂ ਦਾ ਸ਼ਾਨਦਾਰ ਸੈਂਕੜਾ ਲਗਾਇਆ । ਹੋਪ ਨੂੰ ਉਨ੍ਹਾਂ ਸ਼ਾਨਦਾਰ ਬੱਲੇਬਾਜ਼ੀ ਲਈ ਪਲੇਅਰ ਆਫ਼ ਦ ਮੈਚ ਚੁਣਿਆ ਗਿਆ। ਇਸ ਤੋਂ ਪਹਿਲਾਂ, ਭਾਰਤੀ ਟੀਮ ਨੇ ਆਪਣੇ ਨਿਰਧਾਰਤ 20 ਓਵਰਾਂ ਵਿੱਚ ਪੰਜ ਵਿਕਟਾਂ ਦੇ ਨੁਕਸਾਨ 'ਤੇ 249 ਦੌੜਾਂ ਦਾ ਮਜ਼ਬੂਤ ਸਕੋਰ ਬਣਾਇਆ ਸੀ।

-----------------------------------------------------------------

- ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਦਿੱਲੀ ਪੁਲਿਸ ਨਾਲ ਤਾਲਮੇਲ ਕਰਨ ਅਤੇ CJP ਪ੍ਰਦਰਸ਼ਨਕਾਰੀਆਂ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਵਿਰੋਧ ਪ੍ਰਦਰਸ਼ਨਾਂ ਲਈ ਪਹੁੰਚਣ ਤੋਂ ਰੋਕਣ ਬਾਰੇ ਅਹਤਿਆਤੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ।
- -ਦਿੱਲੀ ਦੇ ਜੰਤਰ-ਮੰਤਰ ਵਿਖੇ ਅੱਜ CJP ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ, ਰਾਸ਼ਟਰੀ ਰਾਜਧਾਨੀ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਰਾਜਸਥਾਨ ਦੇ ਜੋਧਪੁਰ ਏਅਰ ਫੋਰਸ ਸਟੇਸ਼ਨ ਵਿਖੇ ਬਹੁ-ਰਾਸ਼ਟਰੀ ਹਵਾਈ ਅਭਿਆਸ ਤਰੰਗ ਸ਼ਕਤੀ ਦੇ ਮੁੱਖ ਸਮਾਗਮਾਂ ਵਿੱਚ ਹਿੱਸਾ ਲਿਆ।

- ਅਮਰੀਕਾ ਦੇ ਸਸੰਦ ਮੈਂਬਰ ਰਾਜਾ ਕ੍ਰਿਸ਼ਨਾ-ਮੂਰਤੀ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਮਛਾਰ ਨੂੰ ਉਨ੍ਹਾਂ ਦੀ ਬੇਮਿਸਾਲ ਬਹਾਦਰੀ ਲਈ ਸਨਮਾਨਿਤ ਕੀਤਾ ।
- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਮਰਦਾਂ ਦਾ ਤੀਜਾ 20-20 ਅੰਤਰਰਾਸ਼ਟਰੀ ਮੈਚ ਕੱਲ੍ਹ ਇੰਦੌਰ ਦੇ ਹੋਲਕਰ ਸਟੇਡੀਅਮ ਵਿੱਚ ਖੇਡਿਆ ਜਾਵੇਗਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 6.20 ਨਮਸਕਾਰ**